ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲ੍ਹਾ ਮੈਜਿਸਟ੍ਰੇਟ ਵੱਲੋਂ ਕਰਫਿਊ ਦੌਰਾਨ ਬੈਂਕਾਂ ਅਤੇ ਏ.ਟੀ.ਐਮ. ਦੇ ਖੋਲ੍ਹਣ ਦਾ ਸਮਾਂ ਨਿਸਚਿਤ

ਬੈਂਕ ਰੋਸਟਰ ਅਨੁਸਾਰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤਕ ਖੁੱਲ੍ਹੇ ਰਹਿਣਗੇ

ਬੈਂਕਾਂ ਦੇ ਏ.ਟੀ.ਐਮ. ਸਵੇਰੇ 6 ਵਜੇ ਤੋਂ ਸ਼ਾਮ 8 ਵਜੇ ਤੱਕ ਖੋਲ੍ਹਣ ਦੀ ਹਦਾਇਤ

ਬੈਂਕਾਂ ਦੇ ਅਧਿਕਾਰੀਆਂ ਕਰਮਚਾਰੀਆਂ ਦੇ ਸ਼ਨਾਖਤੀ ਕਾਰਡਾਂ ਨੂੰ ਹੀ ਕਰਫਿਊ ਪਾਸ ਸਮਝਿਆ ਜਾਵੇਗਾ

ਫਰੀਦਕੋਟ 1 ਅਪ੍ਰੈਲ () ਜਿਲ੍ਹਾ ਮੈਜਿਸਟ੍ਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਨੇ ਮਿਤੀ 23 ਮਾਰਚ 2020 ਨੂੰ ਜਿਲ੍ਹੇ ਅੰਦਰ ਲਗਾਏ ਕਰਫਿਊ ਦੀ ਲਗਾਤਾਰਤਾ ਦੇ ਵਿੱਚ ਜਿਲ੍ਹੇ ਵਿੱਚ ਬੈਂਕਿੰਗ ਸੇਵਾਵਾਂ ਦੇ ਕੰਮ ਕਾਜ ਲਈ ਪੰਜਾਬ ਸਰਕਾਰ ਦੇ ਗ੍ਰਹਿ ਮਾਮਲਿਆਂ ਤੇ ਨਿਆਂ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਜਿਲ੍ਹੇ ਦੇ ਸਾਰੇ ਏ.ਟੀ.ਐਮ. ਕਰਫਿਊ ਦੌਰਾਨ ਸਵੇਰੇ 6 ਵਜੇ ਤੋਂ ਸ਼ਾਮ 8 ਵਜੇ ਤੱਕ ਖੁੱਲ੍ਹੇ ਰੱਖਣ ਦੇ ਆਦੇਸ਼ ਦਿੱਤੇ ਹਨ। ਜਿਲ੍ਹੇ ਦੀਆਂ ਸਾਰੀਆਂ ਬੈਕਿੰਗ ਬਰਾਚਾਂ ਰੋਸਟਰ ਅਨੁਸਾਰ ਖੁੱਲ੍ਹਣਗੀਆਂ ਅਤੇ ਬੈਂਕਾਂ ਦੇ ਕੰਮ ਦਾ ਸਮਾਂ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 2 ਵਜੇ ਤੱਕ ਦਾ ਹੋਵੇਗਾ ਅਤੇ ਇਸ ਦੌਰਾਨ ਬੈਕਾਂ ਵਿੱਚ ਘੱਟੋਂ ਘੱਟ ਕਰਮਚਾਰੀਆਂ ਦੀਆਂ  ਸੇਵਾਵਾਂ ਲਈਆਂ ਜਾਣਗੀਆਂ। ਬੈਂਕਾਂ ਦੇ ਟਰੈਜਰੀ, ਕਰੰਸੀ ਚੈਸਟ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਅਗਲੇ ਹੁਕਮਾਂ ਤੱਕ ਖੁੱਲ੍ਹੇ ਰਹਿਣਗੇ। ਬੈਂਕਾਂ ਦੇ ਅਧਿਕਾਰੀਆਂ ਕਰਮਚਾਰੀਆਂ ਦਾ ਸ਼ਨਾਖਤੀ ਕਾਰਡ ਹੀ ਕਰਫਿਊ ਪਾਸ ਸਮਝਿਆ ਜਾਵੇਗਾ।

ਜਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਪੰਜਾਬ ਵਿੱਚ ਕੋਵਿਡ-19 (ਕਰੋਨਾ ਮਹਾਂਮਾਰੀ) ਨੂੰ ਫੈਲਣ ਤੋਂ ਰੋਕਣ ਲਈ ਬੈਂਕਾਂ ਵਿੱਚ ਪੁਲਿਸ ਵਿਭਾਗ ਨੂੰ ਲੋੜੀਂਦੇ ਸੁਰੱਖਿਆ ਪ੍ਰਬੰਧ ਮਜ਼ਬੂਤ ਕਰਨ ਲਈ ਕਿਹਾ ਗਿਆ ਹੈ ਤੇ ਹਰੇਕ ਬੈਂਕ ਦੀ ਬਰਾਂਚ ਅਤੇ ਏ.ਟੀ.ਐਮ ਤੇ ਭੀੜ ਨੂੰ ਕੰਟਰੋਲ ਕਰਨ ਲਈ ਐਸ.ਐਸ.ਪੀ. ਫਰੀਦਕੋਟ ਨੂੰ ਲੋੜੀਂਦੇ ਸੁਰੱਖਿਆ ਪ੍ਰਬੰਧ ਕਰਨ ਲਈ ਕਿਹਾ ਗਿਆ ਹੈ।ਕਰਫਿਊ ਦੌਰਾਨ ਬੈਂਕਾਂ ਦੇ ਅਧਿਕਾਰੀਆਂ ਨੂੰ ਕਰੋਨਾ ਬਿਮਾਰੀ ਤੋਂ ਬਚਾਅ ਸਬੰਧੀ ਰਾਜ ਅਤੇ ਕੇਂਦਰ ਸਰਕਾਰ ਦੀਆਂ ਸਮੇਂ ਸਮੇਂ ਸਿਰ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਲਈ ਕਿਹਾ ਗਿਆ ਹੈ ਅਤੇ ਇਸ ਲਈ ਸਮਾਜਿਕ ਦੂਰੀ 1 ਮੀਟਰ ਤੋਂ 1.50 ਮੀਟਰ ਰੱਖਣ ਦੇ ਆਦੇਸ਼ ਦਿੱਤੇ ਗਏ ਹਨ। ਇਸ ਤੋਂ ਇਲਾਵਾ ਸਟਾਫ ਨੂੰ ਬੈਂਕਾਂ ਵਿੱਚ ਸੈਨੇਟਾਈਜਰ, ਦਸਤਾਨੇ ਆਦਿ ਵਰਤਣ ਦੀ ਹਦਾਇਤ ਕੀਤੀ ਗਈ ਹੈ।

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

– ਕਰੋਨਾ ਖਿਲਾਫ ਜੰਗ ਲਈ ਸਿਹਤ ਵਿਭਾਗ ਦੇ ਡਾਕਟਰ ਤੇ ਸਟਾਫ ਦਿਨ ਰਾਤ ਲੋਕਾਂ ਦੀ ਸੇਵਾ ਵਿਚ ਹਾਜ਼ਰ ਹਨਃ ਸਿਵਲ ਸਰਜਨ

– ਕਰੋਨਾ ਦੇ ਲੱਛਣਾਂ ਵਾਲੇ ਮਰੀਜ਼ਾਂ ਲਈ ਜ਼ਿਲ੍ਹੇ ਵਿਚ 210 ਬੈਡ ਰਾਖਵੇ ਰੱਖੇਃ ਡਾ ਬਿਕਰਮਜੀਤ ਸਿੰਘ

– ਕਰੋਨਾ ਜਾਂਚ ਲਈ ਭੇਜੇ ਕੁਲ 25 ਸੈਂਪਲਾਂ ਵਿਚੋਂ 24 ਨੈਗੇਟਿਵ ਆਏ, ਇਕ ਦੇ ਨਤੀਜੇ ਦੀ ਉਡੀਕ

– ਕਰੋਨਾ ਦੀ ਬਿਮਾਰੀ ਨੂੰ ਫਰੀਦਕੋਟ ਜ਼ਿਲ੍ਹੇ ਵਿਚ ਫੈਲਣ ਤੋਂ ਰੋਕਣ ਲਈ ਬਾਬਾ ਫਰੀਦ ਯੂਨੀਵਰਸਿਟੀ ਅਤੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦਾ ਵੀ ਵਿਸੇਸ਼ ਯੋਗਦਾਨ

ਫਰੀਦਕੋਟ 1 ਅਪ੍ਰੈਲ,2020 ( ) ਪੰਜਾਬ ਤੇ ਕੇਂਦਰ ਸਰਕਾਰ ਦੇ ਆਦੇਸ਼ਾਂ ਅਨੁਸਾਰ ਫਰੀਦਕੋਟ ਜ਼ਿਲ੍ਹੇ ਵਿਚ ਕਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਦੀ ਯੋਗ ਅਗਵਾਈ ਹੇਠ ਸਿਹਤ ਵਿਭਾਗ ਫਰੀਦਕੋਟ ਦੇ ਡਾਕਟਰ ਪੈਰਾਮੈਡੀਕਲ ਸਟਾਫ, ਆਸ਼ਾ ਵਰਕਰ ਸਮੇਤ ਸਮੁੱਚਾ ਸਟਾਫ 24 ਘੰਟੇ ਲੋਕਾਂ ਦੀ ਸੇਵਾ ਕਰ ਰਿਹਾ ਹੈ ਤੇ ਜ਼ਿਲ੍ਹੇ ਵਿਚ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਣ ਵਿਚ ਕਾਮਯਾਬ ਹੋਵੇਗਾ। ਇਹ ਜਾਣਕਾਰੀ ਸਿਵਲ ਸਰਜਨ ਡਾ ਰਜਿੰਦਰ ਕੁਮਾਰ ਨੇ ਦਿੱਤੀ।

ਸਿਵਲ ਸਰਜਨ ਨੇ ਦੱਸਿਆ ਕਿ ਜ਼ਿਲ੍ਹੇ ਵਿਚ 4 ਆਰ ਆਰ ਟੀ (ਰੈਪਿਡ ਰਿਸਪੋਂਸ ਟੀਮਾਂ) ਲਗਾਤਾਰ ਲੋਕਾਂ ਦੇ ਸੰਪਰਕ ਵਿਚ ਹਨ ਅਤੇ ਲੋੜ ਅਨੁਸਾਰ ਇਨ੍ਹਾਂ ਵੱਲੋਂ ਮਰੀਜ਼ਾਂ ਦੀ ਸਮੇਂ ਸਮੇਂ ਤੇ ਜਾਂਚ ਤੇ ਇਲਾਜ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ 22 ਕਮਿਊਨਿਟੀ ਹੈਲਥ ਅਫਸਰ ਵੀ ਕਰੋਨਾ ਦੀ ਬਿਮਾਰੀ ਨੂੰ ਰੋਕਣ ਲਈ ਲਗਾਤਾਰ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਜ਼ਿਲ੍ਹੇ ਦੇ ਮੁੱਢਲੇ ਸਿਹਤ ਕੇਂਦਰਾਂ ਦਾ ਸਟਾਫ ਵੀ ਹਰ ਸਮੇਂ ਲੋਕਾਂ ਦੀ ਸੇਵਾ ਲਈ ਉਪਲੱਬਧ ਹੈ ਤੇ ਜਿਥੇ ਸਿਹਤ ਵਿਭਾਗ ਵੱਲੋਂ ਸ਼ੱਕੀ ਮਰੀਜਾਂ ਦਾ ਉਪਚਾਰ ਕੀਤਾ ਜਾਂਦਾ ਹੈ ਉਥੇ ਹੀ ਲੋਕਾਂ ਨੂੰ ਜਾਗਰੂਕ ਕਰਨ ਲਈ ਵੀ ਵੱਡੀ ਪੱਧਰ ਤੇ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਕਰੋਨਾ ਵਾਇਰਸ ਦੇ 25 ਸ਼ੱਕੀ ਮਰੀਜਾਂ ਦੇ ਸੈਂਪਲ ਜਾਂਚ ਲਈ ਭੇਜੇ ਗਏ ਸਨ ਜਿਨ੍ਹਾਂ ਵਿਚੋਂ 24 ਨੈਗੇਟਿਵ ਪਾਏ ਗਏ ਅਤੇ ਇਕ ਮਰੀਜ ਦੀ ਰਿਪੋਰਟ ਦੇ ਨਤੀਜੇ ਦੀ ਉਡੀਕ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਕੋਈ ਵੀ ਸੱਕੀ ਮਰੀਜ ਨਹੀਂ ਹੈ।

ਇਸ ਮੌਕੇ ਸਿਹਤ ਵਿਭਾਗ ਦੇ ਡਾ ਬਿਕਰਮਜੀਤ ਸਿੰਘ ਨੇ ਦੱਸਿਆ ਕਿ ਕਰੋਨਾ ਖਿਲਾਫ ਜੰਗ ਵਿਚ ਸਿਹਤ ਵਿਭਾਗ ਨੂੰ ਬਾਬਾ ਫਰੀਦ ਯੂਨੀਵਰਸਿਟੀ ਦੇ ਸਮੂਹ ਸਟਾਫ, ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਸਮੂਹ ਸਟਾਫ ਦਾ ਵੀ ਪੂਰਾ ਯੋਗਦਾਨ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਕਰੋਨਾ ਤੋਂ ਪ੍ਰਭਾਵਿਤ ਮਰੀਜਾਂ ਲਈ ਸਮੁੱਚੇ ਜ਼ਿਲ੍ਹੇ ਵਿਚ 250 ਬੈਡ ਰਾਖਵੇ ਰੱਖੇ ਗਏ ਹਨ ਜਿਨ੍ਹਾਂ ਵਿਚ 100 ਬੈਡ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ 50 ਬੈਡ ਕਮਿਊਨਿਟੀ ਹੈਲਥ ਸੈਂਟਰ ਸਾਦਿਕ ਅਤੇ 50 ਬੈਡ ਕਮਿਊਨਿਟੀ ਹੈਲਥ ਸੈਂਟਰ ਬਾਜਾਖਾਨਾ ਵਿਖੇ ਰਾਖਵੇ ਹਨ। ਇਸ ਤੋਂ ਇਲਾਵਾ ਸਿਵਲ ਹਸਪਤਾਲ ਵਿਖੇ ਪੰਜ ਅਤੇ ਕੋਟਕਪੂਰਾ ਹਸਪਤਾਲ ਵਿਖੇ ਵੀ 5 ਬੈਡ ਰਾਖਵੇ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਵਿਦੇਸ਼ਾਂ ਤੋਂ ਆਏ ਜਾਂ ਉਨ੍ਹਾਂ ਦੇ ਸੰਪਰਕ ਵਿਚ ਆਏ ਲੋਕਾਂ ਨੂੰ ਘਰਾਂ ਵਿਚ ਰਹਿਣ ਦੀ ਹੀ ਹਦਾਇਤ ਕੀਤੀ ਗਈ ਹੈ ਅਤੇ ਪੁਲਿਸ ਵੱਲੋਂ ਉਨ੍ਹਾਂ ਤੇ ਵਿਸ਼ੇਸ਼ ਨਜ਼ਰ ਰੱਖੇ ਜਾ ਰਹੀ ਹੈ।

ਇਸ ਮੌਕੇ ਡਾ ਰਾਜੀਵ ਜੋਸ਼ੀ ਮੈਡੀਕਲ ਸੁਪਰਡੈਂਟ, ਐਸ ਐਮ ਓ ਡਾ ਚੰਦਰ ਸੇਖਰ ਕੱਕੜ, ਡਾ ਕਿਰਨ ਨੋਡਲ ਆਫਿਸਰ, ਕੋਵਿਡ–19,ਡਾ ਜੋਰਾਵਰ ਸਿੰਘ ਅਤੇ ਡਾ ਕੁਲਦੀਪ ਸਿੰਘ ਆਦਿ ਹਾਜ਼ਰ ਸਨ।